# ਸਰਕਾਰੀ ਮੈਡੀਕਲ ਕਾਲਜ ਪਟਿਆਲਾ

ਨੰ:1(4022)ਈ1/2023/ 22743 **ਦਫਤਰੀ ਹੁਕਮ** ਮਿਤੀ- 17/7/23

ਪੰਜਾਬ ਸਰਕਾਰ, ਮੈਡੀਕਲ ਸਿਖਿਆ ਤੇ ਖੋਜ ਵਿਭਾਗ (ਸਿਹਤ-3 ਸ਼ਾਖਾ) ਵੱਲੋਂ ਜਾਰੀ ਨੋਟੀਫਿਕੇਸ਼ਨ ਨੰ: 1/70/2008-2ਐਚਬੀ3(ਪੀਐਫ-1)/2268 ਮਿਤੀ 23.08.2022 ਰਾਹੀਂ ਜਾਰੀ ਹਦਾਇਤਾਂ/ਅਧਿਕਾਰਾਂ ਦੇ ਸਨਮੁੱਖ ਇਸ ਦਫਤਰ ਵੱਲੋਂ ਇਸ ਸੰਸਥਾ ਦੇ ਵੱਖ-ਵੱਖ ਵਿਭਾਗਾਂ ਵਿੱਚ ਸੀਨੀਅਰ ਰੈਜੀਡੈਂਟ ਡਾਕਟਰਾਂ ਦੀ ਖਾਲੀ ਆਸਾਮੀਆਂ ਦੀ ਚੋਣ ਕਰਨ ਲਈ ਲੀਡਿੰਗ ਅਖਬਾਰਾਂ ਅਤੇ ਸੰਸਥਾ ਦੀ ਵੈਬ-ਸਾਈਟ ਤੇ ਵਿਗਿਆਪਨ ਨੰ: ਡੀ.ਪੀ.ਆਰ/ਪੀ.ਬੀ/24066 ਅਤੇ ਡੀ.ਪੀ.ਆਰ/ਐਨ.ਏ/12/16428/2023/24066 ਮਿਤੀ 18.05.2023 ਨੂੰ ਪ੍ਰਕਾਸ਼ਿਤ ਕਰਦੇ ਹੋਏ ਬਿਨੈਕਾਰਾਂ ਪਾਸੋਂ ਸੀਨੀਅਰ ਰੈਜੀਡੈਂਟ ਦੀਆਂ ਖਾਲੀ ਆਸਾਮੀਆਂ ਭਰਨ ਲਈ ਮਿਤੀ 31.05.2023 ਤੱਕ ਅਰਜੀਆਂ ਦੀ ਮੰਗ ਕੀਤੀ ਗਈ ਸੀ। ਨਿਰਧਾਰਿਤ ਮਿਤੀ ਤੱਕ ਬਿਨੈਕਾਰਾਂ ਪਾਸੋਂ ਪ੍ਰਾਪਤ ਅਰਜੀਆਂ ਘੋਖਣ ਉਪਰੰਤ ਸੀਨੀਅਰ ਰੈਜੀਡੈਂਟ ਡਾਕਟਰਾਂ ਦੀ ਚੋਣ ਕਰਨ ਲਈ ਇਸ ਸੰਸਥਾ ਦੀ ਸਲੈਕਸ਼ਨ ਕਮੇਟੀ ਵੱਲੋਂ ਕੀਤੀਆਂ ਗਈਆਂ ਸਿਫਾਰਸ਼ਾਂ ਦੇ ਸਨਮੁੱਖ ਯੋਗ ਪਾਏ ਗਏ ਨਿਮਨ ਦਰਸਾਏ ਬਿਨੈਕਾਰਾਂ ਨੂੰ ਆਰਥੋਪੈਡਿਕਸ ਵਿਭਾਗ ਵਿੱਚ ਇਸ ਸੰਸਥਾ ਵਿਖੇ ਤਿੰਨ ਸਾਲ ਦੇ ਟੈਨਿਓਰ ਲਈ ਬਤੌਰ ਸੀਨੀਅਰ ਰੈਜੀਡੈਂਟ ਹੇਠ ਲਿਖੀਆਂ ਸ਼ਰਤਾਂ ਅਨੁਸਾਰ ਚੁਣਿਆ ਜਾਂਦਾ ਹੈ:-

(1) ਸਬੰਧਤ ਡਾਕਟਰਾਂ ਦੀ ਚੋਣ ਇਸ ਸ਼ਰਤ ਤੇ ਕੀਤੀ ਜਾਂਦੀ ਹੈ ਕਿ ਡਾਕੂਮੈਂਟਸ ਵੈਰੀਫਿਕੇਸ਼ਨ/ਯੋਗਤਾ ਚੈਕ ਕਰਨ ਉਪਰੰਤ ਹੀ ਡਾਕਟਰਾਂ ਨੂੰ ਜੁਆਇੰਨ ਕਰਵਾਇਆ ਜਾਵੇਗਾ ਜੇਕਰ ਕਿਸੇ ਡਾਕਟਰ ਦਾ ਸਰਟੀਫਿਕੇਟ ਗਲਤ ਪਾਇਆ ਜਾਂਦਾ ਹੈ ਤਾਂ ਉਸ ਦੀ ਚੋਣ ਰੱਦ ਸਮਝੀ ਜਾਵੇਗੀ।

(2) ਸਬੰਧਤ ਡਾਕਟਰ ਇਹ ਹੁਕਮ ਇਸ ਸੰਸਥਾ ਦੀ ਵੈਬ ਸਾਈਟ (https://gmcpatiala.edu.in) ਤੇ Upload ਹੋਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਇਸ ਸੰਸਥਾ ਦੇ ਦਫਤਰ ਵਿਖੇ ਹਾਜਰੀ ਰਿਪੋਰਟ ਪੇਸ਼ ਕਰਨਗੇ ਅਤੇ 15 ਦਿਨਾਂ ਦਾ ਜੁਆਇਨਿੰਗ ਸਮਾਂ ਪੂਰਾ ਹੋਣ ਉਪਰੰਤ ਜੁਆਇਨਿੰਗ ਸਮੇ ਵਿਚ ਕਿਸੇ ਵੀ ਤਰ੍ਹਾਂ ਦੇ ਵਾਧੇ ਦੀ ਮੰਗ ਨਹੀਂ ਕਰਨਗੇ।

(3) ਸਬੰਧਤ ਡਾਕਟਰਾਂ ਦੀ ਜਿਸ ਵਿਭਾਗ ਵਿਚ ਬਤੌਰ ਸੀਨੀਅਰ ਰੈਜੀਡੈਂਟ ਚੋਣ ਹੋ ਜਾਵੇਗੀ, ਉਹ ਅੰਤਿਮ ਹੋਵੇਗੀ।

(4) ਸਬੰਧਤ ਡਾਕਟਰਾਂ ਤੇ ਸਰਕਾਰ ਦੀ ਨੋਟੀਫਿਕੇਸ਼ਨ ਨੰ: 1/70/2008-2ਐਚਬੀ3(ਪੀਐਫ-1)/2268 ਮਿਤੀ 23.08.2022 ਅਤੇ ਨੋਟੀਫਿਕੇਸ਼ਨ ਮੀਮੋ ਨੰ: ਐਮ.ਈ.ਆਰ-ਐਚ.ਟੀ.ਐਚ307ਏ/125/2021-6 ਐਚ.ਬੀ3/ 2327-32 ਮਿਤੀ 26.08.2022 ਵਿਚ ਦਰਸਾਈਆਂ ਸ਼ਰਤਾਂ/ਨਿਯਮ ਲਾਗੂ ਹੋਣਗੇ।

(5) ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਡਾਕਟਰਾਂ ਵਿਚੋਂ ਜੇਕਰ ਕੋਈ ਡਾਕਟਰ ਇਸ ਤੋਂ ਪਹਿਲਾਂ ਪੰਜਾਬ ਸਰਕਾਰ ਅਧੀਨ ਕਿਸੇ ਵੀ ਸੰਸਥਾ ਵਿਖੇ ਬਾਡਿਡ ਡਾਕਟਰ ਵੱਜੋਂ ਸੀਨੀਅਰ ਰੈਜੀਡੈਂਸੀ ਕਰ ਰਿਹਾ ਹੈ ਤਾ ਉਸ ਡਾਕਟਰ ਵੱਲੋਂ ਇਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਲਈ ਹਾਜਰ ਹੋਣ ਸਮੇ ਇਤਰਾਜਹੀਣਤਾ ਸਰਟੀਫਿਕੇਟ ਪੇਸ਼ ਕੀਤਾ ਜਾਵੇਗਾ ਕਿ ਉਹ ਜਿਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਕਰ ਰਿਹਾ ਹੈ, ਉਸ ਸੰਸਥਾ ਨੂੰ ਡਾਕਟਰ ਦੇ ਇਸ ਸੰਸਥਾ ਵਿਖੇ ਸੀਨੀਅਰ ਰੈਜੀਡੈਂਸੀ ਕਰਨ ਤੇ ਕੋਈ ਇਤਰਾਜ ਨਹੀਂ ਹੈ।

| Orthopedices | | | |
|---|---|---|---|
| 1 | Dr. Gurnik Singh | Sh. Manjit Singh | 7 |
| 2 | Dr. Ashish Nehru | Sh. Tej Krishen Nehru | 7 |
| 3 | Dr. Gagandeep Singh | Sh. Amrik Singh | 7 |

17.7.23

ਡਾਇਰੈਕਟਰ ਪ੍ਰਿੰਸੀਪਲ
ਸਰਕਾਰੀ ਮੈਡੀਕਲ ਕਾਲਜ, ਪਟਿਆਲਾ

ਮਿਤੀ- 17/7/23

ਪਿੱ:ਅੰ:ਨੰ:1(4022)ਈ1/2023/ 22744-22757

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ, ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ, ਚੰਡੀਗੜ੍ਹ।
2. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
3. ਡਾਇਰੈਕਟਰ, ਖੋਜ ਤੇ ਮੈਡੀਕਲ ਸਿੱਖਿਆ, ਪੰਜਾਬ, ਐਸ.ਏ.ਐਸ.ਨਗਰ (ਮੋਹਾਲੀ)।
4. ਡਾਇਰੈਕਟਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
5. ਡਾਇਰੈਕਟਰ, ਨੈਸ਼ਨਲ ਹੈਲਥ ਮਿਸ਼ਨ, ਪੰਜਾਬ, ਚੰਡੀਗੜ੍ਹ।
6. ਡਾਇਰੈਕਟਰ, ਰੂਰਲ ਡਿਵੈਲਪਮੈਂਟ ਅਤੇ ਪੰਚਾਇਤ, ਮੋਹਾਲੀ।
7. ਡਾਇਰੈਕਟਰ ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ
8. ਪ੍ਰਿੰਸੀਪਲ, ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ, ਫਰੀਦਕੋਟ
9. ਮਹਾਂਲੇਖਾਕਾਰ (ਆਡਿਟ), ਪੰਜਾਬ, ਚੰਡੀਗੜ੍ਹ।
10. ਡਿਪਟੀ ਕੰਟਰੋਲਰ (ਵਿੱਤ ਤੇ ਲੇਖਾ), ਸਰਕਾਰੀ ਮੈਡੀਕਲ ਕਾਲਜ, ਪਟਿਆਲਾ।
11. ਇਸ ਸੰਸਥਾ ਦੇ ਆਰਥੋਪੈਡਿਕਸ ਵਿਭਾਗ ਨੂੰ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਕਿਸੇ ਵੀ ਉਪਰੋਕਤ ਚੁਣੇ ਗਏ ਉਮੀਦਵਾਰ ਨੂੰ ਸਿੱਧੇ ਤੌਰ ਤੇ ਬਤੌਰ ਸੀਨੀਅਰ ਰੈਜੀਡੈਂਟ ਹਾਜਰ ਨਾ ਕਰਵਾਇਆ ਜਾਵੇ।
12. ਇਸ ਸੰਸਥਾ ਦੇ ਆਰਥੋਪੈਡਿਕਸ ਵਿਭਾਗ ਵਿਚ ਸੀਨੀਅਰ ਰੈਜੀਡੈਂਸੀ ਲਈ ਚੁਣੇ ਗਏ ਉਪਰੋਕਤ ਡਾਕਟਰਾਂ ਨੂੰ ਇਹ ਹੁਕਮ ਉਹਨਾਂ ਦੀ ਈ.ਮੇਲ ਪਤੇ ਤੇ ਭੇਜੇ ਜਾਂਦੇ ਹਨ।

17.7.23

ਡਾਇਰੈਕਟਰ ਪ੍ਰਿੰਸੀਪਲ,
ਸਰਕਾਰੀ ਮੈਡੀਕਲ ਕਾਲਜ, ਪਟਿਆਲਾ